ਨੰਬਰ: 13/01/2024-3PP2/ 97

ਪੰਜਾਬ ਸਰਕਾਰ
ਪ੍ਰਸੋਨਲ ਵਿਭਾਗ
(ਪ੍ਰਸੋਨਲ ਪਾਲਿਸੀਜ਼-2 ਸ਼ਾਖਾ)

ਮਿਤੀ, ਚੰਡੀਗੜ੍ਹ: 29/1/25

ਸੇਵਾ ਵਿਖੇ

1. ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜਨਾਂ ਦੇ ਕਮਿਸ਼ਨਰ, ਜਿਲ੍ਹਿਆਂ ਦੇ ਡਿਪਟੀ ਕਮਿਸ਼ਨਰ।
2. ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ,
ਸਮੂਹ ਜਿਲ੍ਹਾ ਅਤੇ ਸ਼ੈਸਨ ਜੱਜ।
3. ਰਾਜ ਦੇ ਸਮੂਹ ਬੋਰਡ/ਕਾਰਪੋਰੇਸ਼ਨਾਂ ਦੇ ਚੇਅਰਮੈਨ/ਮੈਨੇਜਿੰਗ ਡਾਇਰੈਕਟਰ।

**ਵਿਸ਼ਾ:-** **ਨੇਤਰਹੀਣ ਕਰਮਚਾਰੀਆਂ ਨੂੰ ਕੰਪਿਊਟਰ ਕੋਰਸ ਤੋਂ ਛੋਟ ਦੇਣ ਸਬੰਧੀ ਸਪੱਸਟੀਕਰਨ।**

*****

ਸ੍ਰੀਮਾਨ/ਸ੍ਰੀਮਤੀ ਜੀ,

ਉਪਰੋਕਤ ਵਿਸ਼ੇ ਸਬੰਧੀ ਮੈਨੂੰ ਆਪ ਦਾ ਧਿਆਨ ਪ੍ਰਸੋਨਲ ਵਿਭਾਗ ਵੱਲੋਂ ਜਾਰੀ ਹਦਾਇਤਾਂ ਨੰਬਰ 4/17/79-1ਪੀ.ਪੀ./13274 ਮਿਤੀ 01.10.1985, ਹਦਾਇਤਾਂ ਨੰਬਰ 15/1/89-1ਪੀਪੀ2/19778 ਮਿਤੀ 02.11.1989, ਹਦਾਇਤਾਂ ਨੰਬਰ 13/1/2018-3PP2/240 ਮਿਤੀ 29.08.2018 ਅਤੇ ਹਦਾਇਤਾਂ ਨੰਬਰ 13/2/2018-3PP2/1422949/1 ਮਿਤੀ 18.02.2019 ਵੱਲ ਦਿਵਾਇਆ ਜਾਦਾ ਹੈ। ਜਿਸ ਰਾਹੀਂ ਲਿਖਿਆ ਗਿਆ ਸੀ ਕਿ ਕਲਰਕ ਦੀ ਸਿੱਧੀ ਭਰਤੀ ਲਈ ਉਨ੍ਹਾਂ ਅੰਗਹੀਣ ਵਿਅਕਤੀਆਂ ਨੂੰ ਟਾਈਪਿੰਗ ਦੀ ਨਿਪੁੰਨਤਾ ਵਿੱਚ ਛੋਟ ਦਿੱਤੀ ਗਈ ਹੈ, ਜਿੱਥੇ ਸਿਵਲ ਸਰਜਨ ਵੱਲੋਂ ਤਸਦੀਕ ਕੀਤਾ ਹੋਵੇ ਕਿ ਉਮੀਦਵਾਰ ਜਿਸਮਾਨੀ ਤੌਰ ਤੇ ਟਾਈਪ ਕਰਨ ਵਿੱਚ ਅਸਮਰੱਥ ਹੈ। ਜਿਹੜੇ ਅੰਗਹੀਣ ਵਿਅਕਤੀਆਂ ਨੂੰ ਉਕਤ ਹਦਾਇਤਾਂ ਅਨੁਸਾਰ ਟਾਈਪਿੰਗ ਦੀ ਨਿਪੁੰਨਤਾ ਤੋਂ ਮੁਕੰਮਲ ਛੋਟ ਨਹੀਂ ਮਿਲ ਸਕਦੀ, ਉਨ੍ਹਾਂ ਨੂੰ ਟਾਈਪ ਟੈਸਟ ਵਿੱਚ ਹਰ 10 ਮਿੰਟਾਂ ਦੇ ਟੈਸਟ ਸਮੇਂ ਪਿੱਛੇ 3 ਮਿੰਟ ਤੇ 20 ਸੈਕਿੰਡ ਦਾ ਵਾਧੂ ਸਮਾਂ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਸਰਕਾਰ ਵੱਲੋਂ ਇਹ ਵੀ ਫੈਸਲਾ ਲਿਆ ਗਿਆ ਸੀ ਕਿ ਕਲਰਕਾਂ ਦੀ ਸਿੱਧੀ ਭਰਤੀ ਤੋਂ ਇਲਾਵਾ ਗਰੁੱਪ-ਡੀ ਤੋਂ ਗਰੁੱਪ-ਸੀ ਦੀ ਪਦ-ਉਨਤੀ ਲਈ ਵੀ ਇਹ ਹਦਾਇਤਾਂ ਲਾਗੂ ਹੋਣਗੀਆਂ।

2 ਉਕਤ ਹਦਾਇਤਾਂ ਦੀ ਲਗਾਤਾਰਤਾ ਵਿੱਚ ਸਰਕਾਰ ਵੱਲੋਂ ਹੇਠ ਅਨੁਸਾਰ ਫੈਸਲਾ ਲਿਆ ਗਿਆ ਹੈ ਕਿ:-

1 ਜਿਨ੍ਹਾਂ ਕੇਸਾਂ ਵਿੱਚ ਸਿਵਲ ਸਰਜਨ ਵੱਲੋਂ ਤਸਦੀਕ ਕੀਤਾ ਗਿਆ ਹੈ ਕਿ ਸਬੰਧਤ ਨੇਤਰਹੀਣ ਕਰਮਚਾਰੀਆਂ ਜੋ ਜਿਸਮਾਨੀ ਤੌਰ ਤੇ ਟਾਈਪ ਕਰਨ ਵਿੱਚ ਅਸਮਰੱਥ ਹਨ, ਉਨ੍ਹਾਂ ਨੇਤਰਹੀਣ ਕਰਮਚਾਰੀਆਂ ਨੂੰ ਕੰਪਿਊਟਰ ਕੋਰਸ ਤੋਂ ਵੀ ਛੋਟ ਦਿੱਤੀ ਜਾਂਦੀ ਹੈ। ਇਹ ਛੋਟ ਸਿਰਫ਼ ਉਨ੍ਹਾਂ ਨੇਤਰਹੀਣ ਕਰਮਚਾਰੀਆਂ ਤੇ ਲਾਗੂ ਹੋਵੇਗੀ, ਜਿਨ੍ਹਾਂ ਦੀ ਪਦ-ਉਨਤੀ ਇਹ ਪੱਤਰ ਦੇ ਜਾਰੀ ਹੋਣ ਦੀ ਮਿਤੀ ਤੋਂ ਪਹਿਲਾਂ ਹੋ ਚੁੱਕੀ ਹੋਵੇ।

2 ਭਵਿੱਖ ਵਿੱਚ (ਇਹ ਪੱਤਰ ਜਾਰੀ ਹੋਣ ਤੋਂ ਬਾਅਦ) ਪਦ-ਉਨਤ ਹੋਣ ਵਾਲੇ ਨੇਤਰਹੀਣ ਕਰਮਚਾਰੀਆਂ ਦੇ ਕੰਪਿਊਟਰ ਕੋਰਸ ਲਈ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ ਅਤੇ ਮਹਾਂਤਮਾ ਗਾਂਧੀ ਰਾਜ ਲੋਕ ਪ੍ਰਸਾਸ਼ਨ ਸੰਸਥਾ (MGSIPA) ਨੂੰ Braille typewriters ਅਤੇ Job Profiling ਸਬੰਧੀ ਲੋੜੀਂਦੇ ਪ੍ਰਬੰਧ ਤਿੰਨ ਮਹੀਨੇ ਦੇ ਅੰਦਰ-ਅੰਦਰ ਕਰਨ ਸਬੰਧੀ ਲਿਖਿਆ ਜਾਂਦਾ ਹੈ।

ਵਿਸ਼ਵਾਸਪਾਤਰ

ਅਧੀਨ ਸਕੱਤਰ ਪ੍ਰਸੋਨਲ

ਇਸ ਦਾ ਇੱਕ ਉਤਾਰਾ ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰ/ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ ਨੂੰ ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਕਰਨ ਹਿੱਤ ਭੇਜਿਆ ਜ਼ਾਦਾ ਹੈ।

ਵਿਸ਼ਵਾਸਪਾਤਰ

Sani

ਅਧੀਨ ਸਕੱਤਰ ਪ੍ਰਸੋਨਲ

ਸੇਵਾ ਵਿਖੇ

ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/
ਵਿੱਤੀ ਕਮਿਸ਼ਨਰ/ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

ਅੰ:ਵਿ:ਪੱ:ਨੰ: 13/01/2024-3PP2/ 98 ਮਿਤੀ, ਚੰਡੀਗੜ੍ਹ 29/1/25